15ਵੀਂ ਵਿਧਾਨ ਸਭਾ
ਗਿਆਰਵਾਂ ਸਮਾਗਮ

# ਪੰਜਾਬ ਵਿਧਾਨ ਸਭਾ

## ਬੁਲੇਟਿਨ ਨੰ. 4

ਬੁੱਧਵਾਰ, 26 ਫਰਵਰੀ, 2020

(10.00 ਵਜੇ ਸਵੇਰ ਤੋਂ 3.03 ਵਜੇ ਬਾਅਦ ਦੁਪਹਿਰ ਤੱਕ)

1. ਪ੍ਰਸ਼ਨ

(ੳ) ਨਿਸ਼ਾਨ ਵਾਲੇ ਪ੍ਰਸ਼ਨ:

| ਕ੍ਰਮ ਪੱਤਰ ਤੇ ਕੁੱਲ ਪ੍ਰਸ਼ਨ | ਉੱਤਰ ਦਿੱਤੇ ਗਏ | ਪੁੱਛੇ ਨਾ ਗਏ | ਮੁਲਤਵੀ ਕੀਤੇ ਗਏ | ਨਿਯਮ 38 ਅਧੀਨ ਉੱਤਰ ਦਿੱਤੇ ਗਏ | ਅਨੁਪੂਰਕਾਂ ਦੀ ਗਿਣਤੀ |
|---|---|---|---|---|---|
| 20 | 09 | 02 | 01 | 8 | 23 |

(ਅ) ਬਿਨਾਂ ਨਿਸ਼ਾਨ ਵਾਲੇ ਪ੍ਰਸ਼ਨ: 20

2. ਮਾਨਯੋਗ ਸਪੀਕਰ ਵੱਲੋਂ ਸਵਾਗਤੀ ਐਲਾਨ

ਮਾਨਯੋਗ ਸਪੀਕਰ ਵੱਲੋਂ ਸਰਦਾਰ ਜਸਬੀਰ ਸਿੰਘ ਗਿੱਲ ਡਿੰਪਾ, ਮੈਂਬਰ ਪਾਰਲੀਮੈਂਟ, ਲੋਕ ਸਭਾ ਦੇ ਸਦਨ ਵਿੱਚ ਹਾਜ਼ਰ ਹੋਣ ਬਾਰੇ ਸਦਨ ਨੂੰ ਜਾਣੂੰ ਕਰਵਾਇਆ ਗਿਆ ਅਤੇ ਸਮੂਹ ਸਦਨ ਵੱਲੋਂ ਉਨ੍ਹਾਂ ਨੂੰ ਜੀ ਆਇਆਂ ਕਿਹਾ ਗਿਆ।

3. ਵਾਕ ਆਊਟ

1. ਸ਼੍ਰੋਮਣੀ ਅਕਾਲੀ ਦਲ ਅਤੇ ਭਾਰਤੀ ਜਨਤਾ ਪਾਰਟੀ ਦੇ ਸਦਨ ਵਿੱਚ ਹਾਜ਼ਰ ਸਮੂਹ ਮੈਂਬਰ ਸਿਹਤ ਅਤੇ ਪਰਿਵਾਰ ਭਲਾਈ ਮੰਤਰੀ ਵਿਰੁੱਧ ਕਾਰਵਾਈ ਦੀ ਮੰਗ ਨਾ ਮੰਨੇ ਜਾਣ ਦੇ ਰੋਸ ਵਜੋਂ ਨਾਅਰੇ ਮਾਰਦੇ ਹੋਏ ਸਦਨ ਵਿਚੋਂ ਵਾਕ ਆਊਟ ਕਰ ਗਏ।

2. ਆਮ ਆਦਮੀ ਪਾਰਟੀ ਦੇ ਸਦਨ ਵਿੱਚ ਹਾਜ਼ਰ ਮੈਂਬਰ ਉਨ੍ਹਾਂ ਦਾ ਪ੍ਰਾਈਵੇਟ ਮੈਂਬਰਜ਼ ਬਿੱਲ ਨਾ ਮਨਜ਼ੂਰ ਹੋਣ ਦੇ ਰੋਸ ਵਜੋਂ ਸਦਨ ਵਿਚੋਂ ਨਾਅਰੇ ਮਾਰਦੇ ਹੋਏ ਵਾਕ ਆਊਟ ਕਰ ਗਏ।

4. ਧਿਆਨ ਦਿਵਾਊ ਨੋਟਿਸ

1. ਸਰਦਾਰ ਹਰਿੰਦਰਪਾਲ ਸਿੰਘ ਚੰਦੂਮਾਜਰਾ, ਐਮ.ਐਲ.ਏ ਵਲੋਂ ਬਲਾਕ ਸਨੌਰ, ਜ਼ਿਲ੍ਹਾ ਪਟਿਆਲਾ ਦੇ ਪਿੰਡਾਂ ਅਸਰਪੁਰ, ਜੋਗੀਪੁਰ, ਕਰਤਾਰਪੁਰ ਆਦਿ ਵਿੱਚ ਟਮਾਟਰਾਂ ਦੀ ਫਸਲ ਦੇ ਹੋਏ ਨੁਕਸਾਨ ਵੱਲ ਸਰਕਾਰ ਦਾ ਧਿਆਨ ਦਿਵਾਇਆ ਗਿਆ।

(ਨੰ: 33)

ਸਿਹਤ ਅਤੇ ਪਰਿਵਾਰ ਭਲਾਈ ਮੰਤਰੀ ਨੇ ਜਵਾਬ ਦਿੱਤਾ।

5. ਰਿਪੋਰਟਾਂ ਪੇਸ਼ ਕਰਨਾ

1. ਲੋਕ ਲੇਖਾ ਕਮੇਟੀ ਦੇ ਮੈਂਬਰ (ਸਰਦਾਰ ਫਤਿਹਜੰਗ ਸਿੰਘ ਬਾਜਵਾ) ਨੇ ਨਿਮਨਲਿਖਤ ਰਿਪੋਰਟਾਂ ਪੇਸ਼ ਕੀਤੀਆਂ:

i) ਸਾਲਾਂ 2012-13, 2013-14, 2014-15, 2015-16 ਅਤੇ 2016-17 ਲਈ ਪੰਜਾਬ ਸਰਕਾਰ ਦੇ ਨਮਿੱਤਣ ਲੇਖਿਆਂ ਤੇ ਲੋਕ ਲੇਖਾ ਕਮੇਟੀ ਦੀ 206ਵੀਂ ਰਿਪੋਰਟ ਅਤੇ ਸਾਲਾਂ 2012-13, 2013-14, 2014-15, 2015-16 ਅਤੇ 2016-17 ਲਈ ਜਲ ਸਰੋਤ ਵਿਭਾਗ ਨਾਲ ਸਬੰਧਤ ਭਾਰਤ ਦੇ ਕੰਪਟ੍ਰੋਲਰ ਅਤੇ ਆਡੀਟਰ ਜਨਰਲ ਦੀ ਰਿਪੋਰਟ (ਸਿਵਲ);

ii) ਸਾਲਾਂ 2013-14, 2014-15, 2015-16 ਅਤੇ 2016-17 ਲਈ ਪੰਜਾਬ ਸਰਕਾਰ ਦੇ ਨਮਿੱਤਣ ਲੇਖਿਆਂ ਤੇ ਲੋਕ ਲੇਖਾ ਕਮੇਟੀ ਦੀ 207ਵੀਂ ਰਿਪੋਰਟ ਅਤੇ ਸਾਲਾਂ 2013-14, 2014-15, 2015-16 ਅਤੇ 2016-17 ਲਈ ਸਿਹਤ ਅਤੇ ਪਰਿਵਾਰ ਭਲਾਈ ਵਿਭਾਗ ਨਾਲ ਸਬੰਧਤ ਭਾਰਤ ਦੇ ਕੰਪਟ੍ਰੋਲਰ ਅਤੇ ਆਡੀਟਰ ਜਨਰਲ ਦੀ ਰਿਪੋਰਟ (ਸਿਵਲ); ਅਤੇ

iii) ਸਾਲਾਂ 2012-13 ਅਤੇ 2013-14 ਲਈ ਪੰਜਾਬ ਸਰਕਾਰ ਦੇ ਨਮਿੱਤਣ ਲੇਖਿਆਂ ਤੇ ਲੋਕ ਲੇਖਾ ਕਮੇਟੀ ਦੀ 208ਵੀਂ ਰਿਪੋਰਟ ਅਤੇ ਸਾਲਾਂ 2012-13 ਅਤੇ 2013-14 ਲਈ ਲੋਕ ਕਾਰਜ (ਭਵਨ ਅਤੇ ਮਾਰਗ) ਵਿਭਾਗ ਨਾਲ ਸਬੰਧਤ ਭਾਰਤ ਦੇ ਕੰਪਟ੍ਰੋਲਰ ਅਤੇ ਆਡੀਟਰ ਜਨਰਲ ਦੀ ਰਿਪੋਰਟ (ਸਿਵਲ)।

2. ਸਰਕਾਰੀ ਆਸ਼ਵਾਸ਼ਨਾਂ ਸਬੰਧੀ ਕਮੇਟੀ ਦੇ ਸਭਾਪਤੀ (ਸਰਦਾਰ ਪਰਮਿੰਦਰ ਸਿੰਘ ਪਿੰਕੀ) ਨੇ ਸਾਲ 2019-20 ਲਈ ਸਰਕਾਰੀ ਆਸ਼ਵਾਸ਼ਨਾਂ ਸਬੰਧੀ ਕਮੇਟੀ ਦੀ 49ਵੀਂ ਰਿਪੋਰਟ ਪੇਸ਼ ਕੀਤੀ।

6. ਰਾਜਪਾਲ ਦੇ ਭਾਸ਼ਣ ਤੇ ਬਹਿਸ ਮੁੜ ਆਰੰਭ ਕਰਨਾ ਅਤੇ ਧੰਨਵਾਦ ਪ੍ਰਸਤਾਵ ਤੇ ਵੋਟ

ਰਾਜਪਾਲ ਦੇ ਭਾਸ਼ਣ ਤੇ ਨਿਮਨਲਿਖਤ ਪ੍ਰਸਤਾਵ ਜੋ ਕਿ ਮਾਨਯੋਗ ਮੈਂਬਰ ਸਰਦਾਰ ਹਰਮਿੰਦਰ ਸਿੰਘ ਗਿੱਲ, ਇੰਡੀਅਨ ਨੈਸ਼ਨਲ ਕਾਂਗਰਸ ਵਲੋਂ ਪੇਸ਼ ਕੀਤਾ ਗਿਆ ਅਤੇ ਜਿਸ ਦੀ ਡਾਕਟਰ ਰਾਜ ਕੁਮਾਰ ਚੱਬੇਵਾਲ ਐਮ.ਐਲ.ਏ, ਇੰਡੀਅਨ ਨੈਸ਼ਨਲ ਕਾਂਗਰਸ ਵੱਲੋਂ ਪ੍ਰੋੜ੍ਹਤਾ ਕੀਤੀ ਗਈ, ਤੇ ਬਹਿਸ ਮੁੜ ਆਰੰਭ ਹੋਈ ਅਤੇ ਪ੍ਰਸਤਾਵ ਸਦਨ ਦੀ ਵੋਟ ਲਈ ਰੱਖਿਆ ਗਿਆ ਅਤੇ ਪ੍ਰਵਾਨ ਹੋਇਆ:-

"ਕਿ ਰਾਜਪਾਲ ਜੀ ਨੂੰ ਹੇਠ ਲਿਖੇ ਸ਼ਬਦਾਂ ਵਿੱਚ ਮਾਣ ਪੱਤਰ ਪੇਸ਼ ਕੀਤਾ ਜਾਵੇ:-

ਕਿ ਇਸ ਸਮਾਗਮ ਵਿਚ ਇਕੱਤਰ ਹੋਏ ਇਸ ਸਦਨ ਦੇ ਮੈਂਬਰ ਰਾਜਪਾਲ ਜੀ ਦੇ ਉਸ ਭਾਸ਼ਣ ਲਈ ਅਤਿ ਧੰਨਵਾਦੀ ਹਨ ਜੋ ਉਹਨਾਂ ਨੇ 16 ਜਨਵਰੀ, 2020 ਨੂੰ ਸਦਨ ਵਿਚ ਦੇਣ ਦੀ ਕ੍ਰਿਪਾਲਤਾ ਕੀਤੀ।"

ਇਸ ਉਪਰੰਤ ਨਿਮਨਲਿਖਤ ਮੈਂਬਰ ਸਾਹਿਬਾਨ ਨੇ ਬਹਿਸ ਵਿਚ ਹਿੱਸਾ ਲਿਆ ਅਤੇ ਉਹ ਉਨ੍ਹਾਂ ਦੇ ਨਾਮ ਸਾਹਮਣੇ ਦਿੱਤੇ ਗਏ ਸਮੇਂ ਲਈ ਬੋਲੇ:-

| | | |
|---|---|---|
| 1. | ਸਰਦਾਰ ਮਨਪ੍ਰੀਤ ਸਿੰਘ ਇਆਲੀ, ਸ਼੍ਰੋਮਣੀ ਅਕਾਲੀ ਦਲ | 07 ਮਿੰਟ |
| 2. | ਸ਼੍ਰੀਮਤੀ ਰੁਪਿੰਦਰ ਕੌਰ ਰੂਬੀ, ਆਮ ਆਦਮੀ ਪਾਰਟੀ | 06 ਮਿੰਟ |
| 3. | ਸਰਦਾਰ ਬਲਦੇਵ ਸਿੰਘ ਕਲਿਆਣ, ਆਮ ਆਦਮੀ ਪਾਰਟੀ | 09 ਮਿੰਟ |
| 4. | ਸਰਦਾਰ ਗੁਰਪ੍ਰਤਾਪ ਸਿੰਘ ਵਡਾਲਾ, ਸ਼੍ਰੋਮਣੀ ਅਕਾਲੀ ਦਲ | 17 ਮਿੰਟ |
| 5. | ਸਰਦਾਰ ਮਨਜੀਤ ਸਿੰਘ ਬਿਲਾਸਪੁਰ, ਆਮ ਆਦਮੀ ਪਾਰਟੀ | 08 ਮਿੰਟ |
| 6. | ਡਾਕਟਰ ਸੁਖਵਿੰਦਰ ਕੁਮਾਰ, ਸ਼੍ਰੋਮਣੀ ਅਕਾਲੀ ਦਲ | 09 ਮਿੰਟ |
| 7. | ਸਰਦਾਰ ਕੁਲਵੰਤ ਸਿੰਘ ਪੰਡੋਰੀ, ਆਮ ਆਦਮੀ ਪਾਰਟੀ | 06 ਮਿੰਟ |
| 8. | ਸਰਦਾਰ ਹਰਦਿਆਲ ਸਿੰਘ ਕੰਬੋਜ਼, ਇੰਡੀਅਨ ਨੈਸ਼ਨਲ ਕਾਂਗਰਸ | 23 ਮਿੰਟ |
| 9. | ਸਰਦਾਰ ਦਵਿੰਦਰ ਸਿੰਘ ਘੁਬਾਇਆ, ਇੰਡੀਅਨ ਨੈਸ਼ਨਲ ਕਾਂਗਰਸ | 09 ਮਿੰਟ |
| 10. | ਸਰਦਾਰ ਜੈ ਕ੍ਰਿਸ਼ਨ ਸਿੰਘ, ਆਮ ਆਦਮੀ ਪਾਰਟੀ | 09 ਮਿੰਟ |
| 11. | ਸਰਦਾਰ ਸਿਮਰਜੀਤ ਸਿੰਘ ਬੈਂਸ, ਲੋਕ ਇਨਸਾਫ਼ ਪਾਰਟੀ | 13 ਮਿੰਟ |
| 12. | ਸਰਦਾਰ ਹਰਪ੍ਰਤਾਪ ਸਿੰਘ ਅਜਨਾਲਾ, ਇੰਡੀਅਨ ਨੈਸ਼ਨਲ ਕਾਂਗਰਸ | 09 ਮਿੰਟ |
| 13. | ਸਰਦਾਰ ਲਖਬੀਰ ਸਿੰਘ ਲੋਧੀਨੰਗਲ, ਸ਼੍ਰੋਮਣੀ ਅਕਾਲੀ ਦਲ | 05 ਮਿੰਟ |
| 14. | ਸਰਦਾਰ ਹਰਪਾਲ ਸਿੰਘ ਚੀਮਾ, ਵਿਰੋਧੀ ਧਿਰ ਦੇ ਨੇਤਾ | 15 ਮਿੰਟ |

ਬਹਿਸ ਦਾ ਜਵਾਬ ਦਿੰਦੇ ਸਮੇਂ ਮਾਨਯੋਗ ਮੁੱਖ ਮੰਤਰੀ 57 ਮਿੰਟ ਲਈ ਬੋਲੇ।

7. ਮਾਨਯੋਗ ਸਪੀਕਰ ਵੱਲੋਂ ਸਵਾਗਤੀ ਐਲਾਨ

ਮਾਨਯੋਗ ਸਪੀਕਰ ਵੱਲੋਂ ਸ਼੍ਰੀ ਮੁਹੰਮਦ ਸਦੀਕ, ਮੈਂਬਰ ਪਾਰਲੀਮੈਂਟ, ਲੋਕ ਸਭਾ ਦੇ ਸਦਨ ਵਿੱਚ ਹਾਜ਼ਰ ਹੋਣ ਬਾਰੇ ਸਦਨ ਨੂੰ ਜਾਣੂੰ ਕਰਵਾਇਆ ਗਿਆ ਅਤੇ ਸਮੂਹ ਸਦਨ ਵੱਲੋਂ ਉਨ੍ਹਾਂ ਨੂੰ ਜੀ ਆਇਆਂ ਕਿਹਾ ਗਿਆ।

8. ਸਦਨ ਦਾ ਸਮਾਂ ਵਧਾਉਣਾ

ਮਾਨਯੋਗ ਸਪੀਕਰ ਵੱਲੋਂ ਸਦਨ ਦੀ ਸਹਿਮਤੀ ਨਾਲ ਅੱਜ ਦੀ ਬੈਠਕ ਦਾ ਸਮਾਂ ਅੱਜ ਦੀ ਕਾਰਜਸੂਚੀ ਵਿੱਚ ਦਰਸਾਏ ਕੰਮ-ਕਾਰ ਦੇ ਖਤਮ ਹੋਣ ਤੱਕ ਵਧਾਇਆ ਗਿਆ।

9. ਧੰਨਵਾਦ ਪ੍ਰਸਤਾਵ ਤੇ ਸੋਧਨਾ

ਰਾਜਪਾਲ ਦੇ ਭਾਸ਼ਣ ਤੇ ਨਿਮਨਲਿਖਤ ਪ੍ਰਸਤਾਵ ਜੋ ਕਿ ਕ੍ਰਮਵਾਰ ਸ਼੍ਰੀ ਐਨ.ਕੇ.ਸ਼ਰਮਾ, ਐਮ.ਐਲ.ਏ ਵਲੋਂ ਦੋ ਅਤੇ ਸਰਦਾਰ ਬਿਕਰਮ ਸਿੰਘ ਮਜੀਠੀਆ, ਐਮ.ਐਲ.ਏ ਵਲੋਂ ਇਕ, ਸੋਧਨਾ ਨੋਟਿਸ ਸਦਨ ਵਿੱਚ ਇਕੱਠੇ ਪੇਸ਼ ਕੀਤੇ ਗਏ ਅਤੇ ਸਦਨ ਦੀ ਵੋਟਿੰਗ ਲਈ ਰੱਖੇ ਗਏ ਜੋ ਅਸਵੀਕਾਰ ਹੋਏ:

" ਪਰ ਖੇਦ ਪ੍ਰਗਟ ਕਰਦਾ ਹਾਂ ਕਿ ਇਸ ਵਿੱਚ ਸਰਕਾਰੀ ਕਰਮਚਾਰੀਆਂ ਨੂੰ ਡੀ.ਏ ਦੀਆਂ ਕਿਸ਼ਤਾਂ ਅਤੇ ਪਹਿਲਾਂ ਤੋਂ ਡਿਊ ਡੀ.ਏ ਦੇ ਬਕਾਏ ਦੀ ਅਦਾਇਗੀ ਦਾ ਕੋਈ ਜ਼ਿਕਰ ਨਹੀਂ ਕੀਤਾ ਗਿਆ। "

" ਪਰ ਖੇਦ ਪ੍ਰਗਟ ਕਰਦਾ ਹਾਂ ਕਿ ਇਸ ਵਿੱਚ ਸਰਕਾਰੀ ਕਰਮਚਾਰੀਆਂ ਦੇ ਤਨਖਾਹ ਸਕੇਲਾਂ ਤੇ ਹੋਰ ਸਹੂਲਤਾਂ ਵਿੱਚ ਵਾਧੇ ਲਈ ਬਿਠਾਏ ਗਏ ਛੇਵੇਂ ਪੇ-ਕਮਿਸ਼ਨ ਵਲੋਂ ਰਿਪੋਰਟ ਦੇਣ ਬਾਰੇ ਕੋਈ ਜ਼ਿਕਰ ਨਹੀਂ ਕੀਤਾ ਗਿਆ। "

" ਪਰ ਖੇਦ ਪ੍ਰਗਟ ਕਰਦਾ ਹਾਂ ਕਿ ਇਸ ਵਿੱਚ ਕਾਂਗਰਸ ਪਾਰਟੀ ਵਲੋਂ 2017 ਦੀਆਂ ਚੋਣਾਂ ਵੇਲੇ ਆਮ ਲੋਕਾਂ ਨਾਲ ਕੀਤੇ ਵੱਡੇ-2 ਵਾਅਦੇ ਹੁਣ ਤੱਕ ਪੂਰੇ ਨਾ ਕਰ ਸਕਣ ਦਾ ਕੋਈ ਜ਼ਿਕਰ ਨਹੀਂ ਕੀਤਾ ਗਿਆ। "

10. <u>ਵਾਕ ਆਊਟ</u>

ਸ਼੍ਰੋਮਣੀ ਅਕਾਲੀ ਦਲ, ਭਾਰਤੀ ਜਨਤਾ ਪਾਰਟੀ ਅਤੇ ਆਮ ਆਦਮੀ ਪਾਰਟੀ ਦੇ ਸਦਨ ਵਿੱਚ ਹਾਜ਼ਰ ਸਮੂਹ ਮੈਂਬਰ ਬੋਲਣ ਦਾ ਸਮਾਂ ਨਾ ਦੇਣ ਦੇ ਰੋਸ ਵਜੋਂ ਨਾਅਰੇ ਮਾਰਦੇ ਹੋਏ ਸਦਨ ਵਿਚੋਂ ਵਾਕ ਆਊਟ ਕਰ ਗਏ।

ਸਰਦਾਰ ਹਰਪ੍ਰਤਾਪ ਸਿੰਘ ਅਜਨਾਲਾ, ਮੈਂਬਰ, ਪੈਨਲ ਆਫ਼ ਚੇਅਰਮੈਨ ਨੇ 12.38 ਵਜੇ ਬਾਅਦ ਦੁਪਹਿਰ ਤੋਂ 1.28 ਵਜੇ ਬਾਅਦ ਦੁਪਹਿਰ ਤੱਕ ਸਦਨ ਦੀ ਕੁਰਸੀ ਸੰਭਾਲੀ।

ਇਸ ਉਪਰੰਤ ਸਦਨ ਵੀਰਵਾਰ ਮਿਤੀ 27 ਫਰਵਰੀ, 2020 ਦੇ 10.00 ਵਜੇ ਸਵੇਰ ਤੱਕ ਸਥਗਿਤ ਹੋ ਗਿਆ।

ਚੰਡੀਗੜ੍ਹ;
26 ਫਰਵਰੀ, 2020

ਸ਼ਸ਼ੀ ਲਖਨਪਾਲ ਮਿਸ਼ਰਾ,
ਸਕੱਤਰ ।